ਤੁਰੰਤ

ਗੁਪਤ

ਪੰਜਾਬ ਸਰਕਾਰ
ਆਮ ਰਾਜ ਪ੍ਰਬੰਧ ਵਿਭਾਗ
(ਮੰਤਰੀ ਮੰਡਲ ਮਾਮਲੇ ਸ਼ਾਖਾ)

ਵਿਸ਼ਾ: ਪ੍ਰਾਈਵੇਟ ਏਡਿਡ ਕਾਲਜਾਂ ਦੇ ਟੀਚਿੰਗ ਫੈਕਲਟੀ ਦੀ ਰਿਟਾਇਰਮੈਂਟ ਉਮਰ ਦੇ ਸਬੰਧ ਵਿੱਚ।

*****

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਵਿਭਾਗ ਕਿਰਪਾ ਕਰਕੇ ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਕਿਰਪਾਲਤਾ ਕਰਨ।

2. ਮੰਤਰੀ ਪ੍ਰੀਸ਼ਦ ਦੀ ਮਿਤੀ 28.02.2023 ਨੂੰ ਹੋਈ ਮੀਟਿੰਗ ਵਿੱਚ ਵਿਸ਼ਾ ਅੰਕਿਤ ਮਾਮਲੇ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਇਸ ਸਬੰਧੀ ਲਿਆ ਗਿਆ ਫੈਸਲਾ ਹੇਠ ਲਿਖੇ ਅਨੁਸਾਰ ਹੈ:-

ਮੰਤਰੀ ਪ੍ਰੀਸ਼ਦ ਨੇ ਉਚੇਰੀ ਸਿੱਖਿਆ ਵਿਭਾਗ ਵੱਲੋਂ ਰਾਜ ਦੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਅਧਿਆਪਕਾਂ ਅਤੇ ਬਰਾਬਰ ਕਾਡਰਾਂ ਨੂੰ ਸੋਧੇ ਯੂ.ਜੀ.ਸੀ. ਤਨਖਾਹਾਂ ਸਕੇਲਾਂ ਸਬੰਧੀ ਜਾਰੀ ਨੋਟੀਫਿਕੇਸ਼ਨ ਮਿਤੀ 28.09.2022 ਦੇ ਪੈਰ੍ਹਾ 11(a), 13(ii) ਅਤੇ 13 (iii) ਵਿੱਚ ਦਰਸਾਏ ਉਪਬੰਧਾਂ ਨੂੰ ਵਿਚਾਰਨ ਉਪਰੰਤ ਹੇਠ ਅਨੁਸਾਰ ਫੈਸਲਾ ਕੀਤਾ:-

i) ਪ੍ਰਾਈਵੇਟ ਏਡਿਡ ਕਾਲਜਾਂ ਵਿੱਚ ਮੌਜੂਦਾ ਸਮੇਂ ਦੌਰਾਨ ਕੰਮ ਕਰ ਰਹੇ ਟੀਚਿੰਗ ਫ਼ੈਕਲਟੀ ਦੀ ਰਿਟਾਇਰਮੈਂਟ ਉਮਰ ਪਹਿਲਾਂ ਦੀ ਤਰ੍ਹਾਂ 60 ਸਾਲ ਹੋਵੇਗੀ। ਪਰੰਤੂ ਪ੍ਰਾਈਵੇਟ ਏਡਿਡ ਕਾਲਜਾਂ ਵਿੱਚ ਮਿਤੀ 01.04.2023 ਜਾਂ ਇਸ ਤੋਂ ਬਾਅਦ ਨਿਯੁਕਤ ਹੋਣ ਵਾਲੇ ਟੀਚਿੰਗ ਫੈਕਲਟੀ ਦੀ ਰਿਟਾਇਰਮੈਂਟ ਉਮਰ ਪੰਜਾਬ ਰਾਜ ਦੇ ਸਰਕਾਰੀ ਕਾਲਜਾਂ ਵਿੱਚ ਕੰਮ ਕਰ ਰਹੇ ਟੀਚਿੰਗ ਫੈਕਲਟੀ ਅਨੁਸਾਰ ਹੀ ਹੋਵੇਗੀ।

ii) ਪ੍ਰਬੰਧਕੀ ਵਿਭਾਗ ਵੱਲੋਂ ਯੂ.ਜੀ.ਸੀ. ਤਨਖਾਹਾਂ ਸਕੇਲਾਂ ਸਬੰਧੀ ਜਾਰੀ ਨੋਟੀਫਿਕੇਸ਼ਨ ਮਿਤੀ 28,09.2022 ਦੇ ਪੈਰ੍ਹਾ 13(ii) ਅਤੇ 13 (iii) ਵਿਚ ਕੀਤੇ ਉਪਬੰਧ (ਅਲਾਉਂਸਿਸ ਅਤੇ ਪੈਨਸ਼ਨ) ਪ੍ਰਾਈਵੇਟ ਏਡਿਡ ਕਾਲਜਾਂ ਦੀ ਟੀਚਿੰਗ ਫੈਕਲਟੀ ਤੇ ਲਾਗੂ ਨਹੀਂ ਹੋਣਗੇ। ਪ੍ਰਾਈਵੇਟ ਏਡਿਡ ਕਾਲਜਾਂ ਦੀ ਟੀਚਿੰਗ ਫੈਕਲਟੀ ਨੂੰ ਇਹ ਨੋਟੀਫਿਕੇਸ਼ਨ ਲਾਗੂ ਹੋਣ ਤੋਂ ਪਹਿਲਾਂ ਮਿਲ ਰਹੇ ਅਲਾਉਂਸਿਸ ਮਿਲਦੇ ਰਹਿਣਗੇ।

3. ਮੰਤਰੀ ਪ੍ਰੀਸ਼ਦ ਵੱਲੋਂ ਲਏ ਗਏ ਉਕਤ ਫੈਸਲੇ ਨੂੰ ਲਾਗੂ ਕਰਨ ਹਿੱਤ ਪ੍ਰਬੰਧਕੀ ਵਿਭਾਗ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਇਸ ਸ਼ਾਖਾ ਨੂੰ 2 ਹਫਤੇ ਦੇ ਅੰਦਰ-ਅੰਦਰ ਜਾਣੂ ਕਰਵਾਉਣ ਦੀ ਖੇਚਲ ਕੀਤੀ ਜਾਵੇ।

ਸੁਪਰਡੰਟ

ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਵਿਭਾਗ।

ਅੰ.ਵਿ.ਪੱ.ਨੰ: 01/54/2023-1ਕੈਬਨਿਟ/1217 ਮਿਤੀ, ਚੰਡੀਗੜ੍ਹ: 3-3-2023

ਪੱ.ਨੰ. 01/54/2023-1ਕੈਬਨਿਟ/1218 ਮਿਤੀ, ਚੰਡੀਗੜ੍ਹ: 3-3-2023

ਇਸ ਦਾ ਇੱਕ ਉਤਾਰਾ ਵਧੀਕ ਮੁੱਖ ਸਕੱਤਰ/ਮੁੱਖ ਮੰਤਰੀ ਨੂੰ ਮੁੱਖ ਮੰਤਰੀ ਜੀ ਦੀ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪੱ.ਨੰ. 01/54/2023-1ਕੈਬਨਿਟ/1219 ਮਿਤੀ, ਚੰਡੀਗੜ੍ਹ: 3-3-2023

ਇਸ ਦਾ ਇੱਕ ਉਤਾਰਾ ਉਚੇਰੀ ਸਿੱਖਿਆ ਮੰਤਰੀ ਜੀ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪੱ.ਨੰ. 01/54/2023-1ਕੈਬਨਿਟ/1220 ਮਿਤੀ, ਚੰਡੀਗੜ੍ਹ: 3-3-2023

ਇਸ ਦਾ ਇੱਕ ਉਤਾਰਾ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਵਿੱਤ ਵਿਭਾਗ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਪੱ.ਨੰ. 01/54/2023-1ਕੈਬਨਿਟ/1221 ਮਿਤੀ, ਚੰਡੀਗੜ੍ਹ: 3-3-2023

ਇਸ ਦਾ ਇੱਕ ਉਤਾਰਾ ਪ੍ਰਮੁੱਖ ਸਕੱਤਰ/ਰਾਜਪਾਲ ਨੂੰ ਰਾਜਪਾਲ ਪੰਜਾਬ ਜੀ ਦੀ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ